**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਘਵੀਰ ਸਿੰਘ, (96468-00472)
ਪੁੱਤਰ ਮਲਕੀਤ ਸਿੰਘ,
ਮਕਾਨ ਨੰ 365, ਨਵੀਂ ਅਨਾਜ ਮੰਡੀ ,
ਬੈਂਕ ਕਲੋਨੀ,ਸਰਹਿੰਦ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ,
ਵਿਜੀਲੈਂਸ ਬਿਊਰੋ, ਪੰਜਾਬ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ,
ਵਿਜੀਲੈਂਸ ਬਿਊਰੋ, ਪੰਜਾਬ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ: 2017 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਸੀ.ਐਲ. ਪ੍ਰੇਮੀ, ਐਡਵੋਕੇਟ (98886-96455) ਅਤੇ ਸ਼੍ਰੀਮਤੀ ਅਮਰਜੀਤ ਕੌਰ, ਐਡਵੋਕੇਟ (78884-67782)।
2) ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. (98888-05958)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-11-2018, ਲੋਕ ਸੂਚਨਾ ਅਧਿਕਾਰੀ-ਕਮ- ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ, ਵਿਜੀਲੈਂਸ ਬਿਊਰੋ, ਪੰਜਾਬ, ਮੁਹਾਲੀ ਦਫਤਰ ਡਾਇਰੈਕਟਰ, ਵਿਜੀਲੈਂਸ ਬਿਊਰੋ, ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2001 ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਵਿੱਚ 134 ਕਲਰਕਾਂ ਦੀ ਨਿਯੁਕਤੀ ਬਾਰੇ ਚੌਕਸੀ ਵਿਭਾਗ ਵੱਲੋਂ ਕੀਤੀ ਗਈ ਪੜਤਾਲ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਹਾਜ਼ਰ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਨੇ ਪੱਤਰ ਨੰ:716/ਵਬ/ਅ.ਅ.ਸ਼ਾਖਾ, ਮਿਤੀ 16-08-2019 ਜਿਸ ਦਾ ਇੱਕ ਉਤਾਰਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ

3. ਅਪੀਲਕਰਤਾ ਵੱਲੋਂ ਸ਼੍ਰੀ ਸੀ.ਐਲ. ਪ੍ਰੇਮੀ, ਐਡਵੋਕੇਟ ਅਤੇ ਸ਼੍ਰੀਮਤੀ ਅਮਰਜੀਤ ਕੌਰ, ਐਡਵੋਕੇਟ ਉੱਤਰਦਾਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋਏ।

4. ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਏ ਜਵਾਬ ਬਾਰੇ ਕੋਈ ਇਤਰਾਜ਼ ਹੋਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 20 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਚਸ਼ਮਿੰਦਰ ਕੌਰ, (ਮੋਬ: 96466-00131)
ਪੁੱਤਰੀ ਸ਼੍ਰੀ ਗੁਰਵਿੰਦਰ ਸਿੰਘ,
ਮਕਾਨ ਨੰ:825 ਆਨੰਦ ਨਗਰ-ਏ,
ਪਟਿਆਲਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪਿੰਸੀਪਲ,
ਸਰਕਾਰੀ ਰਣਬੀਰ ਕਾਲਿਜ,
ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:506/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਮਨਜੀਤ ਕੌਰ, ਜੂਨੀਅਰ ਸਹਾਇਕ (94785-82324)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-04-2018, ਲੋਕ ਸੂਚਨਾ ਅਧਿਕਾਰੀ ਦਫਤਰ ਪਿੰਸੀਪਲ, ਸਰਕਾਰੀ ਰਣਬੀਰ ਕਾਲਿਜ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2016-17, 2017-18 ਅਤੇ 2018-19 ਨਾਲ ਸਬੰਧਤ ਸਰਕਾਰੀ ਰਣਬੀਰ ਕਾਲਿਜ, ਸੰਗਰੂਰ ਵਿਖੇ ਪੜ੍ਹ ਰਹੇ ਲੜਕੇ/ਲੜਕੀਆਂ, ਸਟਾਫ, ਟਿਊਸ਼ਨ ਫੀਸ ਅਤੇ ਪੀ.ਟੀ.ਏ. ਫੰਡ ਆਦਿ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-05-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-07-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਮਨਜੀਤ ਕੌਰ, ਜੂਨੀਅਰ ਸਹਾਇਕ ਨੇ ਪੱਤਰ ਨੰ:ਆਰ.ਟੀ.ਆਈ.-2018/2440, ਮਿਤੀ 17-05-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਉਸ ਨੂੰ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਆਰ.ਟੀ.ਆਈ./2019-20, ਮਿਤੀ 30-07-2019 ਰਾਹੀਂ ਕਮਿਸ਼ਨ ਨੂੰ ਵਿਸਥਾਰ-ਪੂਰਵਕ ਜਵਾਬ ਵੀ ਭੇਜਿਆ ਗਿਆ ਹੈ ਜਿਸ ਰਾਹੀਂ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜੀ ਗਈ ਸੂਚਨਾ ਬਾਰੇ ਸ਼ਿਕਾਇਤਕਰਤਾ ਵੱਲੋਂ ਕੋਈ ਪ੍ਰਤੀਕਰਮ ਨਹੀਂ ਪ੍ਰਗਟਾਇਆ ਗਿਆ।

3. ਸ਼ਿਕਾਇਤਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਜਿਹੜੀ ਕਿ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਈ ਗਈ ਹੈ। ਸ਼ਿਕਾਇਤਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 20 ਅਗਸਤ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਰੁਣ ਗੋਇਲ, (94638-86161)
ਮਕਾਨ ਨੰ:1188 ਕ੍ਰਿਸ਼ਨਾ ਨਗਰ,
ਰੇਲਵੇ ਰੋਡ ਜਗਰਾਓਂ, ਜ਼ਿਲ੍ਹਾ ਲੁਧਿਆਣਾ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਖਾਲਸਾ ਕਾਲਿਜ ਫਾਰ ਵੂਮੈਨ,
ਸਿਧਵਾਂ ਖੁਰਦ, ਜ਼ਿਲ੍ਹਾ ਲੁਧਿਆਣਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 521/2019**

**ਹਾਜ਼ਰ:-**

1) ਸ਼੍ਰੀ ਵਰੁਣ ਗੋਇਲ, ਸ਼ਿਕਾਇਤਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਬਲਦੇਵ ਕੌਰ ਮਾਨ, ਆਫਿਸ ਸੁਪਰਡੰਟ (94643-62394) ਸਮੇਤ ਸ਼੍ਰੀ ਐਸ.ਕੇ. ਸੰਧੀਰ, ਐਡਵੋਕੇਟ (94171-85551, 99149-85551)

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-03-2018, ਲੋਕ ਸੂਚਨਾ ਅਧਿਕਾਰੀ ਦਫਤਰ ਖਾਲਸਾ ਕਾਲਿਜ ਫਾਰ ਵੂਮੈਨ, ਸਿਧਵਾਂ ਖੁਰਦ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ ਨੰ:ਵੀ.ਜੀ./ਪੀ.ਈ.ਆਰ.ਐਸ./227, ਮਿਤੀ 16-02-2019 ਜੋ ਕਿ ਪ੍ਰਿੰਸੀਪਲ ਵੱਲੋਂ ਸ਼ਿਕਾਇਤਕਰਤਾ ਨੂੰ ਭੇਜਿਆ ਗਿਆ ਸੀ, ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-07-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਐਸ.ਕੇ. ਸੰਧੀਰ, ਐਡਵੋਕੇਟ ਨੇ ਆਪਣਾ ਵਕਾਲਤ-ਨਾਮਾ, ਮਿਤੀ 20-08-2019, ਪੇਸ਼ ਕਰਦੇ ਹੋਏ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਕੁੱਝ ਸਮੇਂ ਦੀ ਮੰਗ ਕੀਤੀ ਹੈ। ਉੱਤਰਦਾਤਾ ਦੇ ਨੁਮਾਇੰਦੇ ਵੱਲੋਂ ਪੇਸ਼ ਕੀਤਾ ਗਿਆ ਵਕਾਲਤ-ਨਾਮਾ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਦੇ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 20 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਖੁਸ਼ਦੀਪ ਗੋਇਲ, (79736-42151)
ਮਕਾਨ ਨੰ:2061,
ਅਰਬਨ ਐਸਟੇਟ ਫੇਸ-2, ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਵਿੱਦਿਆ ਭਵਨ, ਫੇਸ-8, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਵਿੱਦਿਆ ਭਵਨ, ਫੇਸ-8, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 2035/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ (93064-49429)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਉਚੇਰੀ ਸਿੱਖਿਆ ਵਿਭਾਗ ਦੇ ਨੋਟੀਫਿਕੇਸ਼ਨ ਨੰ:10-3/09-3ਸਿੱਖਿਆ1/3321, ਮਿਤੀ 02-09-2009 ਅਨੁਸਾਰ ਸਹਾਇਕ ਪ੍ਰੋਫੈਸਰਾਂ ਨੂੰ ਪੀ.ਐਚ.ਡੀ. ਦੀ ਡਿਗਰੀ ਮੁਕੰਮਲ ਕਰਨ ਤੇ 3 ਇੰਨਕਰੀਮੈਂਟਾਂ ਦਾ ਲਾਭ ਦੇਣ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 19-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਹੈ।

3. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ ਨੇ ਪੱਤਰ ਨੰ:58 ਸੇ(ਆਰ)-20/8-2019 ਸੇਵਾਵਾਂ(6)/2744, ਮਿਤੀ 19-08-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋ ਆਪਣੇ ਪੱਤਰ ਨੰ:29 ਸੇ(ਆਰ)-20/8-2019 ਸੇਵਾਵਾਂ(6)/2456, ਮਿਤੀ 02-07-2019 ਰਾਹੀਂ ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਤੀਜੀ ਧਿਰ ਨਾਲ ਹੋਣ ਕਾਰਨ ਮਹੱਈਆ ਨਹੀਂ ਕਰਵਾਈ ਜਾ ਸਕਦੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 01-04-2919 ਦਾ ਜਵਾਬ ਮਿਤੀ 02-07-2019 ਨੂੰ ਭੇਜਿਆ ਗਿਆ ਹੈ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਅਨੁਸਾਰ ਅਪੀਲਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਜਵਾਬ ਭੇਜਣਾ ਬਣਦਾ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਨੂੰ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 2035/2019

ਜਵਾਬ ਲੇਟ ਭੇਜਣ ਬਾਰੇ ਸਥਿਤੀ ਸਪੱਸ਼ਟ ਕੀਤੀ ਜਾਵੇ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 20 **ਅਗਸਤ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਕਸ਼ਮੀਰ ਸਿੰਘ,
5, ਕਸ਼ਮੀਰ ਐਵਨਿਊ, ਫਤਿਹ ਚੱਕ ਗੇਟ,
ਤਰਨ ਤਾਰਨ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਮੁੱਖ ਸਕੱਤਰ, ਮੈਡੀਕਲ ਸਿੱਖਿਆ ਅਤੇ ਖੋਜ, ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਮੁੱਖ ਸਕੱਤਰ, ਮੈਡੀਕਲ ਸਿੱਖਿਆ ਅਤੇ ਖੋਜ, ਪੰਜਾਬ,
ਚੰਡੀਗੜ੍ਹ।

-------ਉੱਤਰਦਾਤਾ

**ਅਪੀਲ ਕੇਸ ਨੰ:2047 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਦਵਿੰਦਰ ਸਿੰਘ, ਸੀਨੀਅਰ ਸਹਾਇਕ (80542-34530)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-12-2017, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਮੈਡੀਕਲ ਸਿੱਖਿਆ ਅਤੇ ਖੋਜ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ ਨੰ:ਨਿੱਲ, ਮਿਤੀ 08-06-2017 ਤੇ ਲਏ ਗਏ ਫੈਸਲੇ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਦਵਿੰਦਰ ਸਿੰਘ, ਸੀਨੀਅਰ ਸਹਾਇਕ ਹਾਜ਼ਰ ਨੇ ਪੱਤਰ ਨੰ:11/88/2017- 2ਸਸ3/6458, ਮਿਤੀ 19-08-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋ ਆਪਣੇ ਪੱਤਰ ਨੰ:1/11/2017-2ਸਸ3/5368, ਮਿਤੀ 21-08-2018 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਕਮਿਸ਼ਨ ਨੂੰ ਪੇਸ਼ ਕੀਤੇ ਗਏ ਪੱਤਰ ਦੀ ਕਾਪੀ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਜੇਕਰ ਸੂਚਨਾ ਵਿੱਚ ਕੋਈ ਤਰੁੱਟੀ ਪਾਈ ਜਾਂਦੀ ਹੈ ਤਾਂ ਉਸ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 20 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਵਿਜੀਲੈਂਸ ਬਿਊਰੋ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸੀਨੀਅਰ ਕਪਤਾਨ, ਪੁਲਿਸ,
ਵਿਜੀਲੈਂਸ ਬਿਊਰੋ, ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ:2078/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਸ਼ੇਰ ਸਿੰਘ, ਡੀ.ਐਸ.ਪੀ. (96460-11421) ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. (98888-05958)।)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-03-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਵਿਜੀਲੈਂਸ ਬਿਊਰੋ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੀਨੀਅਰ ਕਪਤਾਨ, ਪੁਲਿਸ, ਵਿਜੀਲੈਂਸ ਬਿਊਰੋ, ਪਟਿਆਲਾ ਦੇ ਪੱਤਰ ਨੰ:8103, ਮਿਤੀ 05-10-2016 ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 19-08-2019 ਰਾਹੀਂ ਭੇਜ਼ੇ ਗਏ ਪੱਤਰ ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਨੇ ਆਪਣਾ ਪੱਖ ਪੇਸ਼ ਕਰਨ ਲਈ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਹੈ।

3. ਅੱਜ ਪੇਸ਼ੀ ਸਮੇਂ ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਹਾਜ਼ਰ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਨੇ ਪੱਤਰ ਨੰ:39035/ਵਬ/ਐਸ.-14, ਮਿਤੀ 19-08-2019 ਜਿਸ ਦਾ ਇੱਕ ਉਤਾਰਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ ਜਿਸ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 20 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਤੇਜ਼ ਸਿੰਘ, (87270-94630)
ਵਾਸੀ ਪਿੰਡ ਖਾਨਪੁਰ ਫਕੀਰਾ,
ਡਾਕਖਾਨਾ ਨਾਗਰਾ, ਤਹਿਸੀਲ ਦਿੜ੍ਹਬਾ,
ਜ਼ਿਲ੍ਹਾ ਸੰਗਰੂਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਪਤਾਨ, ਪੁਲਿਸ (ਹੈਡ ਕੁਆਟਰਜ਼)
ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 535 /2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-12-2018, ਲੋਕ ਸੂਚਨਾ ਅਧਿਕਾਰੀ ਦਫਤਰ ਕਪਤਾਨ, ਪੁਲਿਸ (ਹੈਡ ਕੁਆਟਰਜ਼) ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 20-11-2018 ਨੂੰ ਆਈ.ਜੀ., ਪਟਿਆਲਾ ਰੇਂਜ ਕੋਲ ਖੁਦ ਪੇਸ਼ ਹੋ ਕੇ ਦਿੱਤੀ ਗਈ ਆਪਣੀ ਦਰਖਾਸਤ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-07-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:70-ਅਪੀਲ/ਆਰ.ਟੀ.ਆਈ., ਮਿਤੀ 18-08-2019 ਪੇਸ਼ ਕਰਦੇ ਹੋਏ ਕਿਹਾ ਕਿ ਸ਼ਿਕਾਇਤਕਰਤਾ ਨੂੰ ਪਹਿਲਾਂ ਮਿਤੀ 20-12-2018 ਨੂੰ ਸਧਾਰਣ ਡਾਕ ਰਾਹੀਂ ਸੂਚਨਾ ਭੇਜੀ ਗਈ ਸੀ ਅਤੇ ਦੁਬਾਰਾ ਫਿਰ ਮਿਤੀ 03-08-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋ ਹਾਜ਼ਰ ਉੱਤਰਦਾਤਾ ਵੱਲੋਂ ਰਜਿਸਟਰੀ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 06-12-2018 ਦਾ ਜਵਾਬ ਨਿਰਧਾਰਿਤ ਸਮੇਂ ਅੰਦਰ ਭਾਵ ਮਿਤੀ 20-12-2918 ਨੂੰ ਭੇਜ਼ ਦਿੱਤਾ ਗਿਆ ਸੀ ਜਿਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਨੂੰ ਪਹੁੰਚ ਕਰਨੀ ਚਾਹੀਦੀ ਸੀ। ਇਸ ਤੋਂ ਇਲਾਵਾ ਸ਼ਿਕਾਇਤਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਸ਼ਿਕਾਇਤਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 20 ਅਗਸਤ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪਵਨ ਕੁਮਾਰ ਸ਼ਰਮਾ, ਐਡਵੋਕੇਟ, (94639-50619)
ਪੁੱਤਰ ਲੇਟ ਸ਼੍ਰੀ ਭਗਵੰਤ ਕਿਸ਼ੋਰ,
ਕੋਠੀ ਨੰ:585 ਫੇਸ-2, ਮੁਹਾਲੀ।                    -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ)-ਕਮ-
ਜ਼ਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ-ਸਿੱਖਿਆ ਅਭਿਆਨ,
ਕਮਰਾ ਨੰ:362, ਦੂਜੀ ਮੰਜ਼ਿਲ, ਜਿਲਾ ਪ੍ਰਬੰਧਕੀ ਕੰਪਲੈਕਸ,
ਸੈਕਟਰ-76, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ)-ਕਮ-
ਜ਼ਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ-ਸਿੱਖਿਆ ਅਭਿਆਨ,
ਕਮਰਾ ਨੰ:362, ਦੂਜੀ ਮੰਜ਼ਿਲ, ਜਿਲਾ ਪ੍ਰਬੰਧਕੀ ਕੰਪਲੈਕਸ,
ਸੈਕਟਰ-76, ਮੁਹਾਲੀ।

ਸ਼੍ਰੀਮਤੀ ਨੀਨਾ ਅਹੀਰ, ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ)-ਕਮ-
ਜ਼ਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ-ਸਿੱਖਿਆ ਅਭਿਆਨ,
ਕਮਰਾ ਨੰ:362, ਦੂਜੀ ਮੰਜ਼ਿਲ, ਜਿਲਾ ਪ੍ਰਬੰਧਕੀ ਕੰਪਲੈਕਸ,
ਸੈਕਟਰ-76, ਮੁਹਾਲੀ।                    ------ਉੱਤਰਦਾਤਾ

**ਅਪੀਲ ਕੇਸ ਨੰ:3184/2018**

**ਹਾਜ਼ਰ:-** 1) ਸ਼੍ਰੀ ਪਵਨ ਕੁਮਾਰ ਸ਼ਰਮਾ, ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਇੰਦਰ ਸਿੰਘ ਬੱਤਾ, ਸੁਪਰਡੰਟ (84274-02199)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-04-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ)-ਕਮ-ਜ਼ਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ-ਸਿੱਖਿਆ ਅਭਿਆਨ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-04-2015 ਤੋਂ ਮਿਤੀ-ਅੰਤ ਤੱਕ ਜ਼ਿਲ੍ਹਾ ਮੁਹਾਲੀ ਦੇ ਰਿਹਾਇਸ਼ੀ ਏਰੀਏ ਵਿੱਚ ਚਲਾਏ ਜਾ ਰਹੇ ਪ੍ਰਾਈਵੇਟ ਅਤੇ ਸਰਕਾਰੀ ਸਕੂਲਾਂ ਦੇ ਸਵੇਰੇ ਖੁਲ੍ਹਣ ਅਤੇ ਦੁਪਿਹਰ ਬਾਅਦ ਬੰਦ ਹੋਣ ਸਮੇਂ ਟ੍ਰੈਫਿਕ ਦੇ ਰਸ਼ ਨੂੰ ਰੋਕਣ ਵਾਸਤੇ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ) ਵੱਲੋਂ ਸਕੂਲਾਂ ਨੂੰ ਜਾਰੀ ਕੀਤੀਆਂ ਗਈਆਂ ਹਦਾਇਤਾਂ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-11-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਤੇ ਦੋਵਾਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਾਉਣ ਅਤੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਅਗਲੀ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਇਸ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਨੂੰ ਕਮਿਸ਼ਨ ਦੇ ਹੁਕਮ, ਮਿਤੀ 15-01-2019 ਰਾਹੀਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਦਾ ਜਵਾਬ ਪੇਸ਼ ਕਰਨ ਲਈ ਮੌਕਾ ਦਿੱਤਾ ਗਿਆ ਸੀ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਸ਼੍ਰੀ ਮਨਜੀਤ ਇੰਦਰ ਸਿੰਘ ਬੱਤਾ, ਸੁਪਰਡੰਟ ਨੇ ਸ਼੍ਰੀਮਤੀ ਨੀਨਾ ਅਹੀਰ, ਸਹਾਇਕ ਡਾਇਰੈਕਟਰ (ਸੇਵਾਵਾਂ ਸ਼ਾਖਾ) ਦਫ਼ਤਰ ਡਾਇਰੈਕਟਰ ਸਿੱਖਿਆ ਵਿਭਾਗ (ਐਲੀ.) ਪੰਜਾਬ ਦੀ ਤਰਫੋਂ ਹਲਫੀਆ-ਬਿਆਨ, ਮਿਤੀ 20-08-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਪਣੇ ਬਿਆਨ ਰਾਹੀਂ ਕਮਿਸ਼ਨ ਨੂੰ ਦੱਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਪਹਿਲਾਂ ਹੀ ਪੱਤਰ, ਮਿਤੀ 26-07-2018 ਅਤੇ 27-05-2019 ਰਾਹੀਂ ਰਜਿਸਟਰਡ ਡਾਕ ਦੁਆਰਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉੱਤਰਦਾਤਾ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 15-01-2019 ਰਾਹੀਂ ਜਾਰੀ ਕੀਤੇ ਕਾਰਨ-ਦੱਸੋ ਨੋਟਿਸ ਦਾ ਜਵਾਬ ਸਮੇਂ ਸਿਰ ਨਾ ਦੇ ਸਕਣ ਬਾਰੇ ਮੁਆਫੀ ਮੰਗੀ ਗਈ ਹੈ ਅਤੇ ਅੱਗੇ ਤੋਂ ਕਮਿਸ਼ਨ ਦੇ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਨਾਉਣ ਦਾ ਭਰੋਸਾ ਦਿੱਤਾ ਗਿਆ ਹੈ। ਇਸ ਤਰ੍ਹਾ ਉਨ੍ਹਾਂ ਵੱਲੋਂ ਅਪੀਲ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਉਹ ਪ੍ਰਾਪਤ ਸੂਚਨਾ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਨਹੀਂ ਹੈ।

5. ਕਮਿਸ਼ਨ ਦੇ ਹੁਕਮ, 29-05-2019 ਰਾਹੀਂ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਪਰੰਤੂ ਅਪੀਲਕਰਤਾ ਵੱਲੋਂ ਅੱਜ ਤੱਕ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਕਰ ਕੇ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਸੂਚਨਾ ਅਤੇ ਕਾਰਨ-ਦੱਸੋ ਨੋਟਿਸ ਸਬੰਧੀ ਪੇਸ਼ ਕੀਤੇ ਗਏ ਹਲਫੀਆ-ਬਿਆਨ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਸ਼੍ਰੀਮਤੀ ਨੀਨਾ ਅਹੀਰ, ਸਹਾਇਕ ਡਾਇਰੈਕਟਰ ਕਮ-ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ ਸਿੱਖਿਆ ਵਿਭਾਗ (ਐਲੀ.) ਪੰਜਾਬ ਨੂੰ ਕਮਿਸ਼ਨ ਦੇ ਹੁਕਮ, ਮਿਤੀ 15-01-2019 ਰਾਹੀਂ ਜਾਰੀ ਕੀਤਾ ਗਿਆ **ਕਾਰਨ-ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 20 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਭਾਸ਼ ਸ਼ਰਮਾ, (99153-53057)
ਮਕਾਨ ਨੰ:48 ਜ਼ਿਮੀਦਾਰਾ ਏਨਕਲੇਵ, ਭਬਾਤ ,
ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਮੁਹਾਲੀ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੁਪਰਡੰਟ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:1583/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਰਜੀਤ ਸਿੰਘ, ਸੀਨੀਅਰ ਸਹਾਇਕ (97794-56604)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-02-2019, ਲੋਕ ਸੂਚਨਾ ਅਧਿਕਾਰੀ ਦਫਤਰ ਸੁਪਰਡੰਟ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕੇਸ ਨੰ:13619 ਵਿੱਚ ਮਿਤੀ 28-08-2017 ਨੂੰ ਪਾਸ ਕੀਤੇ ਗਏ ਹੁਕਮਾਂ ਅਨੁਸਾਰ ਕੀਤੀ ਗਈ ਕਾਰਵਾਈ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 24-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਰਜੀਤ ਸਿੰਘ, ਸੀਨੀਅਰ ਸਹਾਇਕ ਨੇ ਪੱਤਰ ਨੰ:1/66/2013-ਅ6(ਅਸਚਬ)/1430, ਮਿਤੀ 01-08-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਇਸ ਸਬੰਧੀ ਮੂਲ ਪੱਤਰ ਡਾਕ ਰਾਹੀਂ ਵੀ ਕਮਿਸ਼ਨ ਨੂੰ ਭੇਜਿਆ ਹੋਇਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਜਿਸ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਅਪੀਲਕਰਤਾ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 20 ਅਗਸਤ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਉਜਾਗਰ ਸਿੰਘ, (98789-61815)
ਪੁੱਤਰ ਸ਼੍ਰੀ ਬੰਤ ਸਿੰਘ,
ਵਾਸੀ ਗਲੀ ਨੰ:1,
ਮਾਨ ਕਲੋਨੀ ਡਾਬਾ (ਲੁਧਿਆਣਾ)। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ: 460/2019**

**ਹਾਜ਼ਰ:-**

1) ਸ਼੍ਰੀ ਉਜਾਗਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 24-07-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 23-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਲਈ ਬੇਨਤੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ, ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਮੁੜ ਸਖਤ ਹਦਾਇਤ ਕੀਤੀ ਗਈ ਸੀ ਕਿ ਬਾਕੀ ਰਹਿੰਦੀ ਨੁਕਤਾ ਨੰ:1 ਤੋਂ 4 ਬਾਰੇ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ -ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਜਨਾ ਮੁਹੱਈਆ ਕਰਾਉਣ ਲਈ ਅਗਲੀ ਮਿਤੀ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਵੱਲੋਂ ਵੀ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਆਖਰੀ ਮੌਕਾ ਦਿੰਦੇ ਹੋਏ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਬਾਕੀ ਰਹਿੰਦੀ ਨੁਕਤਾ ਨੰ:1 ਤੋਂ 4 ਬਾਰੇ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। **ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ,2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।** ਇਸ ਹਦਾਇਤ ਦੇ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 20 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਜਿੰਦਰ ਸਿੰਘ, (94174-67632)
ਮਕਾਨ ਨੰ:ਈ-13/280, ਅਮਨ ਨਗਰ,
ਨੇੜੇ ਗਰੀਨ ਲੈਂਡ ਸਕੂਲ, ਜੰਲਧਰ ਬਾਈ ਪਾਸ,
ਲੁਧਿਆਣਾ-141008. -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਸ਼੍ਰੀ ਪ੍ਰਦੀਪ ਸਿੰਘ ਬੈਂਸ,
ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 123/2019**

**ਹਾਜ਼ਰ:-**

1) ਸ਼੍ਰੀ ਰਜਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਰਤਨਦੀਪ ਕੌਰ, ਜੂਨੀਅਰ ਸਹਾਇਕ ਆਰ.ਟੀ.ਆਈ.(80545-06149) ਅਤੇ ਸ਼੍ਰੀ ਕੁਲਦੀਪ ਸਿੰਘ, ਕਲਰਕ (85280-84905) ਦਫ਼ਤਰ ਸਬ ਰਜਿਸਟਰਾਰ (ਪੂਰਬੀ)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ, ਸਪੀਡ ਪੋਸਟ ਨੰ:ਈ.ਪੀ.436695535-ਆਈ.ਐਨ., ਮਿਤੀ 22-08-2017 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 29-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 24-07-2019 ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਇੰਦਰਪਾਲ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ ਜਿਸ ਕਾਰਨ ਉਸ ਨੂੰ ਮਾਨਸਿਕ ਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਕਰਕੇ ਉੱਤਰਦਾਤਾ, ਸ਼੍ਰੀ ਪ੍ਰਦੀਪ ਸਿੰਘ ਬੈਂਸ,ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕਰ ਕੇ ਉਸ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਸ਼੍ਰੀਮਤੀ ਰਤਨਦੀਪ ਕੌਰ, ਜੂਨੀਅਰ ਸਹਾਇਕ (ਆਰ.ਟੀ.ਆਈ.) ਨੇ ਸ਼੍ਰੀ ਪ੍ਰਦੀਪ ਸਿੰਘ ਬੈਂਸ, ਜ਼ਿਲ੍ਹਾ ਮਾਲ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਦੀ ਤਰਫੋਂ ਹਲਫੀਆ-ਬਿਆਨ, ਮਿਤੀ 20-08-2019 ਅਤੇ ਪੱਤਰ ਨੰ:2203/8577/ ਪੀ.ਆਈ.ਓ./ਆਰ.ਟੀ.ਆਈ., ਮਿਤੀ 16-08-2019 ਰਾਹੀਂ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ: 123/2019**

ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਪਣੇ ਬਿਆਨ ਰਾਹੀਂ ਕਮਿਸ਼ਨ ਨੂੰ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 13-10-2017 ਜ਼ੋ ਕਿ ਉਨ੍ਹਾਂ ਨੂੰ ਮਿਤੀ 27-10-2017 ਨੂੰ ਪ੍ਰਾਪਤ ਹੋਈ ਸੀ, ਉਨ੍ਹਾਂ ਦੇ ਪੱਤਰ ਨੰ:4038/8577/ ਪੀ.ਆਈ.ਓ./ਆਰ.ਟੀ.ਆਈ., ਮਿਤੀ 13-11-2017 ਰਾਹੀਂ ਅਫਸਰ ਇੰਚਾਰਜ, ਸਦਰ ਕਾਨੂੰਗੋ ਸ਼ਾਖਾ ਨੂੰ ਆਰ.ਟੀ.ਆਈ. ਐਕਟ, 2005 ਦੀ ਧਾਰਾ 5(4) ਤਹਿਤ ਤਬਦੀਲ ਕਰਕੇ ਸ਼ਿਕਾਇਤਕਰਤਾ ਨੂੰ ਸਿੱਧੇ ਤੌਰ ਸੂਚਨਾ ਭੇਜਣ ਲਈ ਲਿਖਿਆ ਗਿਆ ਸੀ ਅਤੇ ਸ਼ਿਕਾਇਤਕਰਤਾ ਨੂੰ ਵੀ ਸੂਚਿਤ ਕੀਤਾ ਗਿਆ ਸੀ। ਇਸ ਉਪਰੰਤ ਸੁਪਰਡੰਟ (ਮਾਲ)-ਕਮ-ਸਹਾਇਕ ਲੋਕ ਸੂਚਨਾ ਅਫਸਰ ਵੱਲੋਂ ਆਪਣੇ ਪੱਤਰ ਨੰ:9822-23/ਸਕ/ਨਸਕ-1, ਮਿਤੀ 05-12-2017 ਰਾਹੀਂ ਫਿਰ ਸ਼ਿਕਾਇਤਕਰਤਾ ਨੂੰ ਲਿਖਿਆ ਗਿਆ ਸੀ ਕਿ ਉਹ ਸਿੱਧੇ ਤੌਰ ਤੇ ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੱਛਮੀ) ਨਾਲ ਸੰਪਰਕ ਕਰਕੇ ਰਿਪੋਰਟ ਪ੍ਰਾਪਤ ਕਰ ਸਕਦਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 25-07-2019 ਰਾਹੀਂ ਜਾਰੀ ਕੀਤੇ ਕਾਰਨ-ਦੱਸੋ ਨੋਟਿਸ ਦਾ ਜਵਾਬ ਸਮੇਂ ਸਿਰ ਨਾ ਦੇ ਸਕਣ ਬਾਰੇ ਸਪੱਸ਼ਟ ਕੀਤਾ ਹੈ ਕਿ ਦਫ਼ਤਰ ਡਿਪਟੀ ਕਮਿਸ਼ਨਰ, ਲੁਧਿਆਣਾ ਦੇ ਲੋਕ ਸੂਚਨਾ ਅਫਸਰ, ਸ਼੍ਰੀਮਤੀ ਸਵਿਤਾ, ਜ਼ਿਲ੍ਹਾ ਮਾਲ ਅਫਸਰ ਲੁਧਿਆਣਾ ਮਿਤੀ 30-04-2019 ਤੋਂ ਬਿਮਾਰ ਹੋਣ ਕਾਰਨ ਲੰਬੀ ਛੁੱਟੀ ਤੇ ਚੱਲ ਰਹੇ ਹਨ ਅਤੇ ਉਨ੍ਹਾਂ ਦੀ ਨਿਯੁਕਤੀ ਮਿਤੀ 08-07-2019 ਨੂੰ ਬਤੌਰ ਤਹਿਸੀਲਦਾ, ਪਾਇਲ ਹੋਈ ਸੀ ਅਤੇ ਜ਼ਿਲ੍ਹਾ ਮਾਲ ਅਫਸਰ ਦੇ ਛੁੱਟੀ ਤੈ ਹੋਣ ਕਾਰਨ ਉਨ੍ਹਾਂ ਦੀ ਸੀਟ ਦਾ ਵਾਧ ਚਾਰਜ ਵੀ ਉਨ੍ਹਾਂ ਨੂੰ ਦਿੱਤਾ ਗਿਆ ਹੈ। ਸਬੰਧਤ ਅਧਿਕਾਰੀ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਨ੍ਹਾਂ ਵੱਲੋ ਅਤੇ ਦਫਤਰ ਦੇ ਕਰਮਚਾਰੀਆਂ ਵੱਲੋਂ ਆਰ.ਟੀ.ਆਈ. ਐਕਟ ਦਾ ਪੂਰਾ ਸਤਿਕਾਰ ਕੀਤਾ ਜਾਂਦਾ ਹੈ ਅਤੇ ਇਸ ਕੇਸ ਵਿੱਚ ਵੀ ਉਨ੍ਹਾਂ ਵੱਲੋਂ ਸਮੇਂ ਸਿਰ ਕਾਰਵਾਈ ਕੀਤੀ ਜਾਂਦੀ ਰਹੀ ਹੈ। ਇਸ ਲਈ ਸਬੰਧਤ ਅਧਿਕਾਰੀ ਵੱਲੋਂ ਕਾਰਨ-ਦੱਸੋ ਨੋਟਿਸ ਡਰਾਪ ਕਰਨ ਲਈ ਬੇਨਤੀ ਕੀਤੀ ਗਈ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 13-10-2017 ਜ਼ੋ ਕਿ ਉਨ੍ਹਾਂ ਨੂੰ ਮਿਤੀ 27-10-2017 ਨੂੰ ਪ੍ਰਾਪਤ ਹੋਈ ਸੀ, ਦਾ ਜਵਾਬ ਨਿਰਧਾਰਿਤ ਸਮੇਂ ਅੰਦਰ ਭਾਵ, ਪੱਤਰ, ਮਿਤੀ 13-11-2017 ਅਤੇ ਮਿਤੀ 05-12-2017 ਰਾਹੀਂ ਸ਼ਿਕਾਇਤਕਰਤਾ ਨੂੰ ਭੇਜ਼ ਦਿੱਤਾ ਗਿਆ ਸੀ। ਇਸ ਤਰ੍ਹਾਂ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਨੂੰ ਪਹੁੰਚ ਕਰਨੀ ਚਾਹੀਦੀ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਭੇਜੇ ਜਾ ਚੁੱਕੇ ਜਵਾਬ ਅਤੇ ਕਾਰਨ-ਦੱਸੋ ਨੋਟਿਸ ਸਬੰਧੀ ਪੇਸ਼ ਕੀਤੇ ਗਏ ਹਲਫੀਆ-ਬਿਆਨ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਸ਼੍ਰੀ ਪ੍ਰਦੀਪ ਸਿੰਘ ਬੈਂਸ, ਜ਼ਿਲ੍ਹਾ ਮਾਲ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਕਮਿਸ਼ਨ ਦੇ ਹੁਕਮ, ਮਿਤੀ 24-07-2019 ਰਾਹੀਂ ਜਾਰੀ ਕੀਤਾ ਗਿਆ **ਕਾਰਨ-ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 20 ਅਗਸਤ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਇੰਦਰਪਾਲ ਸਿੰਘ, (82888-84774)
ਪੁੱਤਰ ਸ਼੍ਰੀ ਪ੍ਰਿਤਪਾਲ ਸਿੰਘ,
ਵਾਸੀ ਇੰਦਰਜ ਬੇਕਰ, ਨੇੜੇ ਬਸ ਸਟੈਂਡ,ਬੁਢਲਾਡਾ,
ਜ਼ਿਲ੍ਹਾ ਮਾਨਸਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਟੀ ,ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬੀ ਯੂਨੀਵਰਸਟੀ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ: 1251/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98554-93346)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 20-10-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪੰਜਾਬੀ ਯੂਨੀਵਰਸਟੀ ,ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਰੋਲ ਨੰ:32203 ਅਧੀਨ ਦਿੱਤੇ ਗਏ ਐਮ.ਏ. ਇਕਨੋਮਿਕਸ (ਸਿਮੈਸਟਰ-।।।) ਰੀ-ਅਪੀਅਰ (ਡੀ.ਈ.) ਪ੍ਰੀਖਿਆ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 02-04-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 31-05-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 08-07-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਪੱਤਰ ਨੰ:5545/ਐਸ-1/991-18/ਆਰ.ਟੀ.ਆਈ. ਸੈੱਲ, ਮਿਤੀ 25-07-2019 ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਹੋਈ ਹੈ, ਰਾਹੀਂ ਵਿਸਥਾਰ-ਪੂਰਵਕ ਜਵਾਬ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਮਿਤੀ 25-07-2019 ਨੂੰ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਦੇ ਸਬੂਤ ਵਜੋਂ ਰਜਿਸਟਰੀ ਦੀ ਰਸੀਦ ਦਾ ਕਾਪੀ ਵੀ ਪੇਸ਼ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਸਬੰਧਤ ਪੱਤਰ ਡਾਕ ਰਾਹੀਂ ਵੀ ਕਮਿਸ਼ਨ ਨੂੰ ਭੇਜਿਆ ਹੋਇਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਜਿਸ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 20 ਅਗਸਤ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।